ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਫੌਜ ਵਿੱਚ ਭਰਤੀ ਹੋਣ ਵਾਲੇ ਚਾਹਵਾਨ ਯੁਵਕਾਂ ਲਈ ਆਨ-ਲਾਈਨ ਕਲਾਸਾਂ ਦੀ ਸ਼ੁਰੂਆਤ

ਬਠਿੰਡਾ 6 ਮਈ ( )ਬਠਿੰਡਾ, ਮਾਨਸਾ,ਸ੍ਰੀ ਮੁਕਤਸਰ ਸਾਹਿਬ ਅਤੇ ਫਾਜਿਲਕਾ ਜਿਲ੍ਹਿਆਂ ਦੇ ਯੁਵਕਾਂ ਲਈ ਜੋ ਫੌਜ (ਆਰਮੀ) ਵਿੱਚ ਭਰਤੀ ਹੋਣ ਦੇ ਚਾਹਵਾਨ ਹਨ ਅਤੇ ਸ਼ਰਤਾ ਪੂਰੀਆਂ ਕਰਦੇ ਹਨ, ਉਹਨ੍ਹਾਂ ਲਈ ਸੀ-ਪਾਈਟ ਕੈਂਪ ਕਾਲਝਰਾਣੀ ਵੱਲੋਂ ਕੋਵਿਡ-19 ਦੀ ਮਹਾਮਾਰੀ ਨੂੰ ਮੱਦੇਨਜ਼ਰ ਰੱਖਦੇ ਹੋਏ ਲਿਖਤੀ ਪੇਪਰ ਦੀ ਤਿਆਰੀ ਲਈ ਆਨ-ਲਾਈਨ ਕਲਾਸਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ। ਜਦੋ ਹਾਲਾਤ ਠੀਕ ਹੋਣਗੇ ਤਾਂ ਫੌਜ ਦੀਆਂ ਭਰਤੀਆਂ ਰੈਲੀਆਂ ਸ਼ਾਰਟ ਨੋਟਿਸ ਵਿੱਚ ਸ਼ੁਰੂ ਹੋਣਗੀਆਂ। ਜਿਸ ਕਰਕੇ ਯੁਵਕਾਂ ਨੂੰ ਭਰਤੀ ਰੈਲੀਆਂ ਦੀ ਤਿਆਰੀ ਲਈ ਪੂਰਾ ਸਮਾਂ ਨਹੀ ਮਿਲੇਗਾ।

ਭਰਤੀ ਹੋਣ ਲਈ ਯੁਵਕ ਦੀ ਉਮਰ ਸਾਢੇ 17 ਸਾਲ ਤੋਂ 21 ਸਾਲ ਦੇ ਵਿਚਕਾਰ ਹੋਵੇ, ਕੱਦ 170 ਸੈ:ਮੀ:, ਛਾਤੀ 77 ਸੈ:ਮੀ ਬਿਨ੍ਹਾ ਫੁਲਾਏ 82 ਸੈ:ਮੀ: ਫੁਲਾ ਕੇ ਅਤੇ ਦਸਵੀ ਵਿੱਚੋ 45 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹੋਣ। ਜਿਹੜੇ ਯੁਵਕ ਲਿਖਤੀ ਪੇਪਰ ਦੀ ਤਿਆਰੀ ਕਰਨ ਲਈ ਆਨ-ਲਾਈਨ ਕਲਾਸਾ ਲਗਾਉਣ ਦੇ ਚਾਹਵਾਨ ਹਨ। ਉਹ ਮਾਸਟਰ, ਸ੍ਰੀ ਹਰਮੇਲ ਸਿੰਘ ਨਾਲ 94641-52013 ਤੇ ਸੰਪਰਕ ਕਰਕੇ ਰਜ਼ਿਸਟ੍ਰੇਸ਼ਨ ਕਰਵਾ ਸਕਦੇ ਹਨ। ਯੁਵਕ ਪਹਿਲ ਦੇ ਆਧਾਰ ਤੇ ਰਜ਼ਿਸਟ੍ਰੇਸ਼ਨ ਕਰਵਾਉਣ ਪੰਜਾਬ ਸਰਕਾਰ ਦੇ ਉਪਰਾਲੇ ਦਾ ਵੱਧ ਤੋਂ ਵੱਧ ਫਾਇਦਾ ਉਠਾਉਣ।ਇਹ ਜਾਣਕਾਰੀ ਜਗਜੀਤ ਸਿੰਘ, ਕੈਂਪ ਇੰਚਾਰਜ, ਸੀ-ਪਾਈਟ ਕੈਂਪ, ਕਾਲਝਰਾਣੀ ਨੇ ਦਿੱਤੀ।

I/22587/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

-ਸੇਵਾ-

ਇਕਾਂਤਵਾਸ ਵਿਚ ਰਹਿ ਰਹੇ ਬੱਚਿਆਂ ਨੂੰ ਮੁਹਈਆ ਕਰਵਾਈ ਸਟੇਸ਼ਨਰੀ

ਬਠਿੰਡਾ, 6 ਮਈ : ਬਠਿੰਡਾ ਦੇ ਇਕਾਂਤਵਾਸ ਕੇਂਦਰਾਂ ਵਿਚ ਇਸ ਸਮੇਂ ਜੋ ਸ਼ਰਧਾਲੂ ਰਹਿ ਰਹੇ ਹਨ ਉਨ੍ਹਾਂ ਵਿਚੋਂ ਕੁਝ ਨਾਲ ਛੋਟੇ ਬੱਚੇ ਵੀ ਹਨ। ਇੰਨ੍ਹਾਂ ਬੱਚਿਆਂ ਨੂੰ ਰੋਚਕ ਗਤੀਵਿਧੀਆਂ ਨਾਲ ਜੋੜਨ ਲਈ ਪ੍ਰਸ਼ਾਸਨ ਵੱਲੋਂ ਉੱਧਮ ਕੀਤਾ ਜਾ ਰਿਹਾ ਹੈ ਤਾਂ ਕਿ ਇਹ ਬੱਚੇ ਇਸ ਮਹੌਲ ਵਿਚ ਕਿਸੇ ਤਨਾਅ ਵਿਚ ਨਾ ਆਉਣ ਅਤੇ ਸੁੱਖੀ ਸਾਂਦੀ ਆਪਣੇ ਪਰਿਵਾਰ ਨਾਲ ਇਹ ਇਕਾਂਤਵਾਸ ਪੂਰਾ ਕਰਕੇ ਘਰ ਜਾਣ। ਇਹ ਜਾਣਕਾਰੀ ਦਿੰਦਿਆਂ ਤਹਿਸੀਲਦਾਰ ਸੁਖਬੀਰ ਸਿੰਘ ਬਰਾੜ ਨੇ ਕਿਹਾ ਕਿ ਇਸ ਲਈ ਇਕਾਂਤਵਾਸ ਵਿਚ ਰਹਿ ਰਹੇ ਬੱਚਿਆਂ ਨੂੰ ਸਟੇਸ਼ਨਰੀ ਮੁਹਈਆ ਕਰਵਾਉਣ ਦਾ ਫੈਸਲਾ ਕੀਤਾ ਗਿਆ ਤਾਂ ਜੋ ਇਹ ਬੱਚੇ ਚਿੱਤਰਕਾਰੀ ਜਾਂ ਪੜਾਈ ਸਬੰਧੀ ਹੋਰ ਗਤੀਵਿਧੀਆਂ ਵਿਚ ਲੱਗ ਸਕਨ ਅਤੇ ਇੰਨ੍ਹਾਂ ਦਾ ਸਮਾਂ ਬੋਰੀਅਤ ਵਾਲਾ ਨਾ ਰਹੇ। ਇਸ ਲਈ ਨੌਜਵਾਨ ਵੇਲਫੇਅਰ ਸੁਸਾਇਟੀ ਦੇ ਮੈਂਬਰ ਅਮਿਤ ਗਰਗ ਜਿਸ ਦਾ ਅੱਜ ਜਨਮ ਦਿਨ ਸੀ ਨੇ ਆਪਣੇ ਜਨਮ ਦਿਨ ਨੂੰ ਯਾਦਗਾਰ ਬਣਾਉਣ ਲਈ ਇੰਨ੍ਹਾਂ ਬੱਚਿਆਂ ਲਈ ਸਟੇਸ਼ਨਰੀ ਦਾ ਪ੍ਰਬੰਧ ਕਰਕੇ ਦਿੱਤਾ।

ਰੋਹਿਤ ਕੁਮਾਰ ਨੇ ਇਸ ਸਬੰਧੀ ਦੱਸਿਆ ਕਿ ਜਦ ਬੱਚਿਆਂ ਨੂੰ ਸਟੇਸ਼ਨਰੀ ਮਿਲੀ ਤਾਂ ਉਨ੍ਹਾਂ ਦੇ ਚਿਹਰਿਆਂ ਦੀ ਖੁਸ਼ੀ ਦੱਸ ਰਹੀ ਸੀ ਕਿ ਉਹ ਆਪਣੀਆਂ ਕਿਤਾਬਾਂ ਨੂੰ ਕਿੰਨਾਂ ਮਿਸ ਕਰ ਰਹੇ ਸਨ। ਬੱਚਿਆਂ ਦੇ ਮਾਪਿਆਂ ਨੇ ਇਸ ਉਪਰਾਲੇ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਬੱਚੇ ਕੁਝ ਸਮਾਂ ਆਪਣੀ ਪੜਾਈ, ਚਿੱਤਰਕਾਰੀ ਵਿਚ ਲਗਾਉਣਗੇ ਤਾਂ ਉਨ੍ਹਾਂ ਦਾ ਮਨ ਲਗਿਆ ਰਹੇਗਾ ਅਤੇ ਉਹ ਉਸਾਰੂ ਗਤੀਵਿਧੀਆਂ ਵਿਚ ਲੱਗ ਸਕਣਗੇ।

I/22581/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਕੋਰੋਨਾ ਵਿਰੁੱਧ ਜੰਗ ਵਿੱਚ ਸਿਹਤ ਵਿਭਾਗ ਜਿਲ੍ਹਾ ਬਠਿੰਡਾ ਦਾ ਸਮੁੱਚਾ ਸਟਾਫ ਨਿਭਾ ਰਿਹਾ ਹੈ ਤਨਦੇਹੀ ਨਾਲ ਡਿਊਟੀ ਲੋਕ ਅਤੇ ਹੋਰ ਵਿਭਾਗ ਵੀ ਦੇ ਰਹੇ ਹਨ ਭਰਪੂਰ ਸਹਿਯੋਗ : ਡਾ ਅਮਰੀਕ ਸਿੰਘ ਸੰਧੂ

ਬਠਿੰਡਾ 6 ਮਈ ( ) ਸਿਵਲ ਸਰਜਨ ਬਠਿੰਡਾ ਡਾ ਅਮਰੀਕ ਸਿੰਘ ਸੰਧੂ ਵੱਲੋਂ ਪ੍ਰੈੱਸ ਦੇ ਨਾਮ ਜਾਰੀ ਸੰਦੇਸ਼ ਵਿੱਚ ਕਿਹਾ ਸਿਹਤ ਵਿਭਾਗ ਬਠਿੰਡਾ ਦਾ ਸਾਰਾ ਸਟਾਫ ਜਿਸ ਵਿੱਚ ਮੈਡੀਕਲ ਸਪੈਸਲਿਸਟ, ਮੈਡੀਕਲ ਅਫਸਰ, ਰੂਰਲ ਮੈਡੀਕਲ ਅਫਸਰ, ਦਫਤਰੀ ਸਟਾਫ ਤੋਂ ਇਲਾਵਾ ਪੈਰਾ ਮੈਡੀਕਲ ਸਟਾਫ ਜਿਵੇਂ ਕਿ ਫਾਰਮੈਸੀ ਅਫਸਰ, ਸਟਾਫ ਨਰਸ, ਲੈਬ-ਟੈਕਨੀਸ਼ੀਅਨ, ਸੁਪਰਵਾਈਜ਼ਰੀ ਸਟਾਫ ਐਸ ਆਈ, ਐਲ ਐਚ ਵੀ, ਐਮ.ਪੀ.ਐਚ.ਡਬਲਿਯੂ, ਏਐਨਐਮ ਅਤੇ ਆਸ਼ਾ ਵਰਕਰ ਆਮ ਜਨਤਾ ਨੂੰ ਕਰੋਨਾ ਵਾਇਰਸ ਦੀ ਲਾਗ ਤੋਂ ਬਚਾਅ ਲਈ ਦਿਨ ਰਾਤ ਆਪਣੀ ਡਿਊਟੀ ਨਿਭਾ ਰਿਹਾ ਹੈ ਇਸ ਤੋਂ ਇਲਾਵਾ ਕੋਵਿਡ-19 ਵਿਰੁੱਧ ਸਿਹਤ ਵਿਭਾਗ ਦੇ ਜਿਲ੍ਹਾ ਪੱਧਰ ਤੇ ਮਾਸ ਮੀਡੀਆ ਵਿੰਗ ਅਤੇ ਬਲਾਕ ਪੱਧਰ ਤੇ ਬਲਾਕ ਐਕਸਟੈਂਸ਼ਨ ਐਜੂਕੇਟਰ ਅਤੇ ਪ੍ਰੈਰਾਮੈਡੀਕਲ ਸਟਾਫ ਵੱਲੋਂ ਕਰੋਨਾ ਵਾਇਰਸ ਤੋਂ ਬਚਾਅ ਲਈ ਆਮ ਜਨਤਾ ਨੂੰ ਜਾਗਰੂਕ ਕਰ ਰਿਹਾ ਹੈ। ਇਸ ਤੋਂ ਇਲਾਵਾ ਕੋਵਿਡ-19 ਦੇ ਸਬੰਧ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਪ੍ਰੈੱਸ ਕਵਰੇਜ ਵੀ ਲਗਾਤਾਰ ਕੀਤੀ ਜਾ ਰਹੀ ਹੈ ਅਤੇ ਸੋਸ਼ਲ ਮੀਡੀਆ ਜ਼ਰੀਏ ਵੀ ਸੰਦੇਸ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ ਉਨ੍ਹਾਂ ਇਹ ਵੀ ਕਿਹਾ ਕਿ ਬਾਹਰਲੇ ਰਾਜਾਂ ਤੋਂ ਆਉਣ ਵਾਲੇ ਵਿਅਕਤੀ ਦਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਕਰੀਨਿੰਗ ਕੀਤੀ ਜਾਂਦੀ ਹੈ ਅਤੇ ਉਪਰੰਤ ਕੁਆਰਨਟਾਈਨ ਵੀ ਕੀਤਾ ਜਾਂਦਾ ਹੈ, ਇਕਾਂਤਵਾਸ ਦੌਰਾਨ ਜਰੂਰੀ ਸਾਵਧਾਨੀਆਂ ਵਰਤਣ ਬਾਰੇ ਵੀ ਸਲਾਹ ਦਿੱਤੀ ਜਾਂਦੀ ਹੈ। ਕੋਵਿਡ-19 ਦੀਆਂ ਸੇਵਾਵਾਂ ਦੇ ਨਾਲ ਨਾਲ ਹਸਪਤਾਲ ਵਿੱਚ ਆਉਂਣ ਵਾਲੇ ਮਰੀਜ਼ਾਂ ਅਤੇ ਉਹਨਾਂ ਦੇ ਵਾਰਸਾਂ ਨੂੰ ਮੈਡੀਕਲ ਸਟਾਫ ਵੱਲੋਂ ਓਪੀਡੀ ਸੇਵਾਵਾਂ, ਐਮਰਜੈਸੀ ਸੇਵਾਵਾਂ, ਜੱਚਾ ਬੱਚਾ ਸੇਵਾਵਾਂ ਇਸ ਤੋਂ ਇਲਾਵਾ ਨਸਾ ਛੁਡਾਊ ਕੇਂਦਰਾਂ ਅਤੇ ਓਟ ਕਲੀਨਿਕਾਂ ਵਿਖੇ ਵੀ ਆਉਣ ਵਾਲੇ ਮਰੀਜ਼ਾਂ ਨੂੰ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਕੋਵਿਡ-19 ਸਬੰਧੀ ਆਮ ਪਬਲਿਕ ਦੀ ਸਹਾਇਤਾ ਲਈ ਜਿਲ੍ਹਾ ਪੱਧਰ ਤੇ 24 ਘੰਟੇ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ । ਸਿਵਲ ਪ੍ਰਸ਼ਾਸਨ, ਸਿਹਤ ਪ੍ਰਸ਼ਾਸਨ ਲੋਕਾਂ ਦੀ ਸੇਵਾ ਲਈ ਹਰ ਵਕਤ ਹਾਜਰ ਹੈ । ਉਨ੍ਹਾਂ ਵੱਲੋਂ ਅਪੀਲ ਕੀਤੀ ਕਿ ਕਰੋਨਾ ਵਾਇਰਸ ਤੋਂ ਬਚਾਅ ਲਈ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਨ, ਘਰ ਵਿੱਚ ਰਹੋ ਸੁਰੱਖਿਅਤ ਰਹੋ ਤੇ ਅਮਲ ਕਰਨ। ਘਰੋਂ ਬਾਹਰ ਜਾਣ ਸਮੇਂ ਮਾਸਕ ਦੀ ਵਰਤੋਂ ਜਰੂਰ ਕਰੋ ਅਤੇ ਸਮਾਜਿਕ ਦੂਰੀ ਦਾ ਧਿਆਨ ਰੱਖਿਆ ਜਾਵੇ। ਖੰਘਦੇ-ਛਿਕਦੇ ਹੋਏ ਮੂੰਹ ਰੁਮਾਲ ਜਾਂ ਟਿਸ਼ੂ ਪੇਪਰ ਨਾਲ ਢੱਕ ਕੇ ਰੱਖਿਆ ਜਾਵੇ। ਜੇਕਰ ਕਿਸੇ ਵਿਅਕਤੀ ਨੂੰ ਜੁਕਾਮ, ਖਾਂਸੀ , ਬੁਖਾਰ ਹੋਵੇ ਤਾਂ ਤੁਰੰਤ ਫਲੂ-ਕਾਰਨਰ ਤੇ ਜਾ ਕੇ ਆਪਣਾ ਚੈਕਅੱਪ ਕਰਵਾਇਆ ਜਾਵੇ। ਲੋਕਾਂ ਨੂੰ ਬਿਲਕੁਲ ਘਬਰਾਉਣ ਲੋੜ ਨਹੀ। ਆਪ ਸਭ ਦੇ ਸਹਿਯੋਗ ਨਾਲ ਇਸ ਬਿਮਾਰੀ ਤੇ ਕਾਬੂ ਪਾ ਲਿਆ ਜਾਵੇਗਾ।

I/22582/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਬਠਿੰਡਾ ਵਿਚ ਇਕ ਹੋਰ ਕਰੋਨਾ ਕੇਸ ਆਇਆ, ਮਰੀਜ ਪਹਿਲਾਂ ਤੋਂ ਹੀ ਸੀ ਇਕਾਂਤਵਾਸ ਵਿਚ-ਡਿਪਟੀ ਕਮਿਸ਼ਨਰ

-ਬੁੱਧਵਾਰ ਨੂੰ 156 ਨੈਗੇਟਿਵ ਰਿਪੋਰਟਾਂ ਵੀ ਪ੍ਰਾਪਤ

-ਜ਼ਿਲ੍ਹੇ ਵਿਚ ਕਰੋਨਾ ਨਾਲ ਲੜ ਰਹੇ ਲੋਕਾਂ ਦੀ ਕੁੱਲ ਗਿਣਤੀ ਹੋਈ 37

ਬਠਿੰਡਾ 6 ਮਈ (    ) ਬਠਿੰਡਾ ਜ਼ਿਲ੍ਹੇ ਵਿਚ ਬੁੱਧਵਾਰ ਨੂੰ ਇਕ ਹੋਰ ਕਰੋਨਾ ਪਾਜੀਟਿਵ ਰਿਪੋਰਟ ਆਉਣ ਨਾਲ ਜ਼ਿਲ੍ਹੇ ਵਿਚ ਕਰੋਨਾ ਨਾਲ ਲੜ ਰਹੇ ਲੋਕਾਂ ਦੀ ਗਿਣਤੀ 37 ਹੋ ਗਈ ਹੈ। ਇਹ ਜਾਣਕਾਰੀ ਅੱਜ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੱਜ 157 ਨਮੂਨਿਆਂ ਦੀ ਜਾਂਚ ਰਿਪੋਰਟ ਪ੍ਰਾਪਤ ਹੋਈ ਹੈ ਅਤੇ ਇੰਨ੍ਹਾਂ ਵਿਚੋਂ 1 ਦੀ ਰਿਪੋਰਟ ਪਾਜੀਟਿਵ ਆਈ ਹੈ ਅਤੇ 156 ਦੀ ਰਿਪੋਰਟ ਨੈਗੇਟਿਵ ਆਈ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਜਿਸ ਦੀ ਰਿਪੋਰਟ ਪਾਜੀਟਿਵ ਆਈ ਹੈ ਉਹ ਰਾਜਸਥਾਨ ਤੋਂ ਪਰਤਿਆ ਸੀ ਅਤੇ ਜ਼ਿਲ੍ਹੇ ਵਿਚ ਦਾਖਲ ਹੋਣ ਤੋਂ ਲੈ ਕੇ ਹੁਣ ਤੱਕ ਇਕਾਂਤਵਾਸ ਵਿਚ ਸੀ। ਇਸ ਲਈ ਜ਼ਿਲ੍ਹੇ ਦੇ ਲੋਕ ਕਿਸੇ ਘਬਰਾਹਟ ਵਿਚ ਨਾ ਆਉਣ। ਉਨ੍ਹਾਂ ਨੇ ਕਿਹਾ ਕਿ ਲੋਕਾਂ ਨੂੰ ਘਰਾਂ ਦੇ ਅੰਦਰ ਹੀ ਰਹਿਣਾ ਚਾਹੀਦਾ ਹੈ ਅਤੇ ਘਰ ਤੋਂ ਬਾਹਰ ਨਿਕਲਦੇ ਸਮੇਂ ਮਾਸਕ ਜਰੂਰ ਪਾਓ ਅਤੇ ਵਾਰ ਵਾਰ ਆਪਣੇ ਹੱਥ ਧੋਂਦੇ ਰਹੋ।

ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਜ਼ਿਲ੍ਹੇ ਵਿਚ ਹੁਣ ਤੱਕ 1263 ਨਮੂਨੇ ਜਾਂਚ ਲਈ ਲਏ ਗਏ ਹਨ ਜਿੰਨ੍ਹਾਂ ਵਿਚੋਂ 1100 ਦੀ ਰਿਪੋਰਟ ਨੈਗੇਟਿਵ ਆ ਚੁੱਕੀ ਹੈ, 37 ਦੀ ਰਿਪੋਰਟ ਪਾਜਿਟਵ ਆਈ ਹੈ ਅਤੇ 126 ਦੀ ਰਿਪੋਰਟ ਆਉਣੀ ਬਾਕੀ ਹੈ।

I/22585/2020